# ਪੰਜਾਬ ਸਕੂਲ ਸਿੱਖਿਆ ਬੋਰਡ
## ਨੋਟੀਫਿਕੇਸ਼ਨ

ਨੋਟੀ: ਨੰ:316-ਪਸਸ਼ਬ-5ਅਸ-ਅਮਲਾ-2018/3369 ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ: 30/10/18

ਚੇਅਰਮੈਨ, ਬੋਰਡ ਦੀ ਇਕੱਤਰਤਾ ਮਿਤੀ 17.11.2016 ਵਿੱਚ ਮੱਦ ਨੰ. 8 (1) ਰਾਹੀਂ ਬੋਰਡ ਤੋਂ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਪੰਜਾਬ ਸਰਕਾਰ, ਵਿੱਤ ਵਿਭਾਗ, ਕਰਜ਼ਾ ਸ਼ਾਖਾ ਵਲੋਂ ਜਾਰੀ ਪੱਤਰ ਨੰ. ਵਿ.ਵਿ.ਕਰਜਾ-ਭ.ਅ.(ਕਰਜ਼ਾ)/93/2018/9380 ਮਿਤੀ 22.10.2018 (ਅਨੁਲੱਗ 'ੳ' ਪੰਨਾ ਨੰ. 1 ਅਤੇ 2) ਬੋਰਡ ਦਫਤਰ ਵਿੱਚ ਅਡਾਪਟ ਕਰਨ ਦੀ ਪ੍ਰਵਾਨਗੀ ਦਿੰਦੇ ਹਨ।

ਮਿਤੀ: ਸਾਹਿਬਜ਼ਾਦਾ ਅਜੀਤ ਸਿੰਘ ਨਗਰ
29-10-2018

ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ

ਪਿੱਠ ਅੰਕਣ ਨੰ:ਪਸਸਬ-5ਅਸ-ਅਮਲਾ-2018/-3369-A ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ:-30/10/2018

ਉਪਰੋਕਤ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਚੇਅਰਮੈਨ ਜੀ ਦੇ ਨਿੱਜੀ ਸਕੱਤਰ, ਵਾਈਸ ਚੇਅਰਮੈਨ ਅਤੇ ਸਕੱਤਰ ਜੀ ਦੇ ਨਿੱਜੀ ਸਹਾਇਕਾਂ ਨੂੰ, ਚੇਅਰਮੈਨ, ਵਾਈਸ ਚੇਅਰਮੈਨ ਅਤੇ ਸਕੱਤਰ ਜੀ ਦੀ ਸੂਚਨਾ ਹਿੱਤ;
2) ਸੰਯੁਕਤ ਸਕੱਤਰ, ਜਨਰਲ;
3) ਉਪ ਕੰਟਰੋਲਰ, ਲੋਕਲ ਆਡਿਟ;
4) ਸਮੂਹ ਸ਼ਾਖਾ ਮੁੱਖੀ;
5) ਸਹਾਇਕ ਸਕੱਤਰ (ਅਮਲਾ/ ਲੇਖਾ);
6) ਸਮੂਹ ਜਿਲ੍ਹਾ ਮੈਨੇਜਰ, ਖੇਤਰੀ ਦਫਤਰ;
7) ਸਮੂਹ ਪ੍ਰਿੰਸੀਪਲ, ਆਦਰਸ਼ ਸਕੂਲ;
8) ਰਿਕਾਰਡਰ, ਅਮਲਾ ਸ਼ਾਖਾ;

ਪੰਜਾਬ ਸਕੂਲ ਸਿੱਖਿਆ ਬੋਰਡ ।

30/10/18
ਸੁਪਰਡੰਟ (ਅਮਲਾ-5)
ਵਾ: ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

https://mail.google.com/mail/u/0/#inbox/FMfcgxvzLNSxcLrdtNxlznLNZNRWBkDt?projector=1&messagePartId=0.2

ਨੰ:ਵਿ:ਵਿ:ਕਰਜ਼ਾ-ਭ.ਅ.(ਕਰਜਾ)/93/2018/ ੧੩੮੦
ਪੰਜਾਬ ਸਰਕਾਰ,ਵਿੱਤ ਵਿਭਾਗ
(ਕੰਰਜ਼ਾ ਸ਼ਾਖਾ)

ਵੱਲ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ,
ਡਵੀਜ਼ਨਾਂ ਦੇ ਕਮਿਸ਼ਨਰ, ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਜਿਲ੍ਹਾ ਅਤੇ ਸੈਸ਼ਨ ਜੱਜ ਅਤੇ ਡਿਪਟੀ ਕਮਿਸ਼ਨਰ।

ਮਿਤੀ: ਚੰਡੀਗੜ੍ਹ: ੨੨-੧੦-੨੦੧੮

ਵਿਸ਼ਾ: ਸਾਲ 2018-19 ਵਿੱਚ ਦਰਜਾ-4 (ਗਰੁੱਪ ਡੀ) ਕਰਮਚਾਰੀਆਂ ਨੂੰ ਤਿਉਹਾਰ ਲਈ ਕਰਜ਼ਾ।

****

ਸ੍ਰੀ ਮਾਨ ਜੀ,

ਪੰਜਾਬ ਸਰਕਾਰ ਨੇ ਆਪਣੇ ਦਰਜਾ-4 (ਗਰੁੱਪ ਡੀ) ਕਰਮਚਾਰੀਆਂ ਨੂੰ ਤਿਉਹਾਰ ਲਈ ਸੂਦ ਰਹਿਤ 7000/-ਰੁ ( ਸੱਤ ਹਜਾਰ ਰੁਪਏ ਕੇਵਲ) ਸਾਲ 2018-19 ਦੌਰਾਨ ਬਤੌਰ ਕਰਜ਼ਾ ਦੇਣ ਦਾ ਫੈਸਲਾ ਕੀਤਾ ਹੈ। ਇਹ ਰਕਮ ਮਿਤੀ 02.11.2018 ਤੱਕ ਕਢਵਾਈ ਜਾ ਸਕੇਗੀ। ਇਹ ਕਰਜ਼ਾ 5 ਬਰਾਬਰ ਮਹੀਨਾਵਾਰ ਕਿਸ਼ਤਾਂ ਵਿੱਚ ਵਸੂਲਿਆ ਜਾਵੇਗਾ। ਇਸ ਦੀ ਵਸੂਲੀ ਨਵੰਬਰ, 2018 ਦੀ ਤਨਖਾਹ ਤੋਂ ਸ਼ੁਰੂ ਹੋ ਜਾਵੇਗੀ। ਇਹ ਕਰਜ਼ਾ ਸਿਰਫ ਰੈਗੂਲਰ ਦਰਜਾ-4 (ਗਰੁੱਪ ਡੀ) ਕਰਮਚਾਰੀਆਂ ਨੂੰ ਹੀ ਮਿਲੇਗਾ। ਦਿਹਾੜੀਦਾਰ, ਵਰਕਚਾਰਜ਼ਡ ਕਰਮਚਾਰੀ ਆਦਿ ਇਸ ਫੈਸਲੇ ਅਧੀਨ ਨਹੀਂ ਆਉਣਗੇ। ਜਿਹੜੇ ਕਰਮਚਾਰੀ ਆਰਜ਼ੀ ਹਨ, ਉਹਨਾਂ ਨੂੰ ਕਰਜ਼ਾ ਦੇਣ ਤੋਂ ਪਹਿਲਾਂ ਡਿਸਬਰਸਿੰਗ ਅਫਸਰ ਆਪਣੀ ਤਸੱਲੀ ਦੀ ਜਾਮਨੀ ਲੈ ਲੈਣ ਤਾਂ ਜੋ ਇਹ ਕਰਜ਼ਾ ਪੂਰਾ ਸੁਰੱਖਿਅਤ ਹੋਵੇ ਅਤੇ ਨਿਰਧਾਰਿਤ ਸਮੇਂ ਅਨੁਸਾਰ ਵਸੂਲੀ ਹੋ ਸਕੇ।

2. ਇਸ ਕਰਜ਼ੇ ਦੀ ਮੰਨਜ਼ੂਰੀ ਜਾਰੀ ਕਰਨ ਦਾ ਅਧਿਕਾਰ ਡਿਸਬਰਸਿੰਗ ਅਫਸਰ ਨੂੰ ਹੋਵੇਗਾ ਅਤੇ ਉਹ ਮੰਨਜ਼ੂਰੀ ਜਾਰੀ ਕਰਨ ਤੋਂ ਪਹਿਲਾਂ ਇਹ ਯਕੀਨੀ ਬਣਾ ਲਵੇਗਾ ਕਿ ਕਰਮਚਾਰੀ ਉਤਨੇ ਸਮੇਂ ਲਈ ਸੇਵਾ ਵਿੱਚ ਰਹੇਗਾ ਜਿੰਨ੍ਹਾਂ ਸਮਾਂ ਇਸ ਕਰਜ਼ੇ ਦੀ ਵਸੂਲੀ ਲਈ ਨਿਸ਼ਚਿਤ ਕੀਤਾ ਗਿਆ ਹੈ।

3. ਕਰਜ਼ੇ ਦੀ ਰਕਮ ਨਾਨ ਪਲਾਨ ਸਾਈਡ ਤੇ ਹੈਡ "7610-ਸਰਕਾਰੀ ਕਰਮਚਾਰੀਆਂ ਨੂੰ ਕਰਜ਼ੇ ਆਦਿ-800-ਹੋਰ ਕਰਜ਼ੇ ਆਦਿ-01 ਫੈਸਟੀਵਲ ਐਡਵਾਂਸ-55-ਕਰਜ਼ੇ ਅਤੇ ਪੇਸ਼ਗੀਆਂ" ਅਧੀਨ ਬੁੱਕ ਕੀਤੀ ਜਾਵੇਗੀ। ਇਸ ਦੀ ਮਾਹਵਾਰੀ ਵਸੂਲੀ ਕਾਰਸਪਾਡਿੰਗ ਰਸੀਟ ਹੈਡ "7610-ਸਰਕਾਰੀ ਕਰਮਚਾਰੀਆਂ ਨੂੰ ਕਰਜ਼ੇ ਆਦਿ-800-ਹੋਰ ਕਰਜ਼ੇ ਆਦਿ-01 ਫੈਸਟੀਵਲ ਐਡਵਾਂਸ-55-ਕਰਜ਼ੇ ਅਤੇ ਪੇਸ਼ਗੀਆਂ/ਪ੍ਰਾਪਤੀਆਂ" ਨੂੰ ਬੁੱਕ ਕੀਤੀ ਜਾਵੇਗੀ।

4. ਇਸ ਕਰਜ਼ੇ ਸਬੰਧੀ ਵਿਅਕਤੀਗਤ ਲੇਖਾ ਜੋਖਾ ਡਿਸਬਰਸਿੰਗ ਅਫਸਰ ਰੱਖੇਗਾ ਅਤੇ ਉਹ ਆਪਣੀ ਪੱਧਰ ਤੇ ਇਹ ਯਕੀਨੀ ਬਣਾਏਗਾ ਕਿ ਕਰਜ਼ੇ ਦੀ ਵਸੂਲੀ ਉਪਰੋਕਤ ਵਰਨਣ ਅਨੁਸਾਰ ਕੀਤੀ ਗਈ ਹੈ। ਇਸ ਕਰਜ਼ੇ ਦੀ ਵਸੂਲੀ ਸਬੰਧੀ ਹਰ ਤਨਖਾਹ ਦੇ ਬਿਲ ਨਾਲ ਅਲੱਗ ਸ਼ਡਿਊਲ ਲਗਾਇਆ ਜਾਵੇਗਾ ਜਿਸ ਵਿੱਚ ਕਰਮਚਾਰੀ ਵਾਈਜ਼ ਕਰਜ਼ੇ ਦੀ ਕੁੱਲ ਰਕਮ, ਮੌਜੂਦਾ ਬਿਲ ਵਿੱਚ ਕੀਤੀ ਕਟੌਤੀ ਅਤੇ ਬਕਾਇਆ ਵਿਖਾਇਆ ਜਾਵੇਗਾ।

.....2.....

https://mail.google.com/mail/u/0/#inbox/FMfcgxvzLNSxcLcdtNxlznLNZNRWBkDl?projector=1&messagePartId=0.2

5. ਹਰ ਵਿਭਾਗ ਦਾ ਮੁੱਖੀ ਆਪਣੇ ਵਿਭਾਗ ਵੱਲੋਂ ਫਰਾਅ ਕੀਤੀ ਕਰਜ਼ੇ ਦੀ ਰਾਸ਼ੀ ਅਤੇ ਕੀਤੀ ਗਈ ਰਿਕਵਰੀ ਦਾ ਮਿਲਾਣ ਮਹਾਂਲੇਖਾਕਾਰ ਪੰਜਾਬ ਨਾਲ ਕਰਨਾ ਯਕੀਨੀ ਬਣਾਉਣਗੇ। ਇਹ ਕਰਜਾ ਉਨਾਂ ਦਰਜਾ ਚਾਰ (ਗਰੁੱਪ ਡੀ) ਕਰਮਚਾਰੀਆਂ ਨੂੰ ਦਿੱਤਾ ਜਾਵੇਗਾ ਜੋ ਇਸ ਲਈ ਅਪਲਾਈ ਕਰਨਗੇ।

ਡਾ. ਅਭਿਨਵ ਤ੍ਰਿਖਾ, ਆਈ.ਏ.ਐਸ.
ਵਿਸ਼ੇਸ਼ ਸਕੱਤਰ-ਕਮ-ਡਾਇਰੈਕਟਰ,ਖਜ਼ਾਨਾ ਤੇ ਲੇਖਾ ਸ਼ਾਖਾ,
ਵਿੱਤ ਵਿਭਾਗ, ਪੰਜਾਬ।

ਮਿਤੀ :16.10.2018

ਪਿਠ ਅੰਕਣ ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2018/ 9381-82 ਮਿਤੀ: 22-10-2018

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਮਹਾਂਲੇਖਾਕਾਰ,(ਆਡਿਟ),ਪੰਜਾਬ,ਚੰਡੀਗੜ੍ਹ।
2. ਪ੍ਰਮੁੱਖ ਮਹਾਂਲੇਖਾਕਾਰ, (ਏ ਅਤੇ ਈ), ਪੰਜਾਬ,ਚੰਡੀਗੜ੍ਹ।

ਅਡੀਸ਼ਨਲ ਡਾਇਰੈਕਟਰ(ਖਜ਼ਾਨੇ)

ਪਿੱਠ ਅੰਕਣ ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2018/ 9383 ਮਿਤੀ: 22-10-2018

ਇਕ ਉਤਾਰਾ ਪੰਜਾਬ ਰਾਜ ਦੇ ਜਿਲ੍ਹਾ ਖਜ਼ਾਨਾ ਅਫਸਰਾਂ/ਖਜ਼ਾਨਾ ਅਫਸਰਾਂ ਨੂੰ ਸੂਚਨਾ ਅਤੇ ਜ਼ਰੂਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਅਡੀਸ਼ਨਲ ਡਾਇਰੈਕਟਰ(ਖਜ਼ਾਨੇ)

ਪਿੱਠ ਅੰਕਣ ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2018/ 9384-85 ਮਿਤੀ: 22-10-2018

ਇਕ ਉਤਾਰਾ:-

1. ਰੈਜੀਡੈਂਟ,ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੰਜਾਬ ਹਾਊਸ ਕਾਪਰਨੀਕਸ ਮਾਰਗ,ਨਵੀਂ ਦਿੱਲੀ।
2. ਸਹਾਇਕ ਤਨਖਾਹ ਅਤੇ ਲੇਖਾ ਅਫਸਰ, ਪੰਜਾਬ ਭਵਨ, ਨਵੀਂ ਦਿੱਲੀ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਅਡੀਸ਼ਨਲ ਡਾਇਰੈਕਟਰ(ਖਜ਼ਾਨੇ)

ਨੰ:- 9386-87 ਮਿਤੀ 22-10-2018

ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ,ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅਡੀਸ਼ਨਲ ਡਾਇਰੈਕਟਰ(ਖਜ਼ਾਨੇ)

ਸੇਵਾ ਵਿਖੇ

1. ਮੁੱਖ ਸਕੱਤਰ,ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਿੱਤੀ ਕਮਿਸ਼ਨਰ , ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2018/ 9388-89 ਮਿਤੀ: 22-10-2018